# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :20-04-2026**

ਜੰਮੂ-ਕਸ਼ਮੀਰ ਦੇ ਊਧਮਪੁਰ ਜ਼ਿਲ੍ਹੇ ਵਿੱਚ ਇੱਕ ਬੱਸ ਦੇ ਹਾਦਸਾਗ੍ਰਸਤ ਹੋਣ ਕਾਰਨ 15 ਲੋਕਾਂ ਦੀ ਮੌਤ ਹੋ ਗਈ ਤੇ ਕਈ ਵਿਅਕਤੀ ਜ਼ਖਮੀ ਹੋ ਗਏ ਨੇ । ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਰਾਜਨਗਰ-ਊਧਮਪੁਰ ਸੜਕ 'ਤੇ ਜੱਲੋ ਪਿੰਡ ਦੇ ਨੇੜੇ ਵਾਪਰਿਆ। ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਅਤੇ ਪ੍ਰਧਾਨ ਮੰਤਰੀ ਦਫ਼ਤਰ ਵਿੱਚ ਰਾਜ ਮੰਤਰੀ ਅਤੇ ਕਠੂਆ-ਊਧਮਪੁਰ ਤੋਂ ਲੋਕ ਸਭਾ ਮੈਂਬਰ ਜਤਿੰਦਰ ਸਿੰਘ ਨੇ ਹਾਦਸੇ ਵਿੱਚ ਜਾਨ ਗਵਾਉਣ ਵਾਲਿਆਂ ਦੇ ਪਰਿਵਾਰਾਂ ਪ੍ਰਤੀ ਹਮਦਰਦੀ ਪ੍ਰਗਟ ਕੀਤੀ ਏ। ਉਨ੍ਹਾਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ ਏ। ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਰਾਮਨਗਰ ਤੋਂ ਊਧਮਪੁਰ ਜਾ ਰਹੀ ਇੱਕ ਜਨਤਕ ਆਵਾਜਾਈ ਵਾਲੀ ਬੱਸ ਨਾਲ ਹੋਏ ਹਾਦਸੇ ਦੀ ਖ਼ਬਰ ਮਿਲਣ ਤੋਂ ਤੁਰੰਤ ਬਾਅਦ ਉਨ੍ਹਾਂ ਨੇ ਊਧਮਪੁਰ ਦੇ ਡਿਪਟੀ ਕਮਿਸ਼ਨਰ ਨਾਲ ਗੱਲ ਕੀਤੀ। ਉਨ੍ਹਾਂ ਕਿਹਾ ਕਿ ਤੁਰੰਤ ਬਚਾਅ ਕਾਰਜ ਸ਼ੁਰੂ ਕਰ ਦਿੱਤਾ ਗਿਆ ਏ ਅਤੇ ਲੋਕਾਂ ਨੂੰ ਹਰ ਸੰਭਵ ਸਹਾਇਤਾ

ਪ੍ਰਦਾਨ ਕੀਤੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਉਹ ਸਥਾਨਕ ਪ੍ਰਸ਼ਾਸਨ ਅਤੇ ਸਥਾਨਕ ਧਿਰਾਂ ਨਾਲ ਲਗਾਤਾਰ ਸੰਪਰਕ ਵਿੱਚ ਨੇ। ਹਾਦਸੇ ਦੇ ਕਾਰਨ ਦਾ ਪਤਾ ਲਾਉਣ ਲਈ ਜਾਂਚ ਜਾਰੀ ਏ । ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਏ ।

-----------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਅੱਜ ਸਰਹਿੰਦ ਅਨਾਜ ਮੰਡੀ ਵਿਖੇ ਕਣਕ ਦੇ ਖਰੀਦ ਕਾਰਜ਼ਾਂ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਦਾਣਾ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦਾ ਇੱਕ - ਇੱਕ ਦਾਣਾ ਖਰੀਦਿਆ ਜਾ ਰਿਹਾ ਏ ਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾ ਰਹੀ । ਕੈਬਨਿਟ ਮੰਤਰੀ ਨੇ ਕਿਹਾ ਕਿ ਕੇਂਦਰੀ ਪੂਲ ਵਿੱਚ ਪੰਜਾਬ ਨੂੰ 1.22 ਲੱਖ ਮੀਟ੍ਰਿਕ ਟਨ ਖਰੀਦ ਦਾ ਟੀਚਾ ਮਿਲਿਆ ਏ ਜਿਸ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਨੇ । ਮੰਤਰੀ ਨੇ ਕਿਹਾ ਕਿ ਹੁਣ ਤੱਕ ਪੰਜਾਬ ਦੀਆਂ ਮੰਡੀਆਂ ਵਿਚ 39 ਲੱਖ ਮੀਟ੍ਰਿਕ ਟਨ ਕਣਕ ਪੁਜੀ ਏ, ਜਿਸ ਵਿੱਚੋਂ 34 ਲੱਖ ਮੀਟ੍ਰਿਕ ਟਨ ਕਣਕ ਖਰੀਦੀ ਜਾ ਚੁੱਕੀ ਏ। ਉਨ੍ਹਾਂ ਕਿਹਾ ਕਿ 2585 ਰੁਪਏ M S P ਤੈਅ ਕੀਤਾ ਗਿਆ ਏ ਤੇ ਉਸੇ ਮੁਤਾਬਕ 1818 ਕਰੋੜ ਰੁਪਏ ਕਿਸਾਨਾਂ ਦੇ

ਖਾਤਿਆਂ ਵਿੱਚ ਪਾਏ ਜਾ ਚੁੱਕੇ ਨੇ। ਇਸ ਮੌਕੇ ਕੈਬਨਿਟ ਮੰਤਰੀ ਦੀ ਹਾਜ਼ਰੀ ਵਿੱਚ ਪਿੰਡ ਹਰਬੰਸਪੁਰਾ ਦੇ ਕਿਸਾਨ ਜੋਗਿੰਦਰ ਸਿੰਘ ਦੀ ਕਣਕ ਦੀ ਢੇਰੀ ਦੀ ਖਰੀਦ ਕੀਤੀ ਗਈ।

------------------------------------------------------------

ਸਰਕਾਰ ਨੇ ਕੇਂਦਰ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਮੁਫ਼ਤ ਲੈਪਟਾਪ ਪ੍ਰਦਾਨ ਕਰਨ ਦੇ ਦਾਅਵੇ ਨਾਲ ਜੁੜੇ ਲਿੰਕ ਨੂੰ ਪ੍ਰਸਾਰਿਤ ਕਰਨ ਵਾਲੇ ਸੰਦੇਸ਼ ਨੂੰ ਖ਼ਾਰਿਜ ਕਰ ਦਿੱਤਾ ਏ। P I B ਦੀ ਤੱਥ-ਜਾਂਚ ਇਕਾਈ ਨੇ ਇਸ ਦਾਅਵੇ ਨੂੰ ਫਰਜ਼ੀ ਦੱਸਿਆ ਏ। ਇਕਾਈ ਨੇ ਕਿਹਾ ਕਿ ਅਜਿਹੀ ਕੋਈ ਸਰਕਾਰੀ ਯੋਜਨਾ ਜਾਂ ਇਸ਼ਤਿਹਾਰ ਨਹੀਂ ਏ। ਇਕਾਈ ਨੇ ਨਾਗਰਿਕਾਂ ਨੂੰ ਸਾਵਧਾਨ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੀਆਂ ਸਰਕਾਰੀ ਯੋਜਨਾਵਾਂ ਲਈ ਸਿਰਫ਼ ਸਰਕਾਰੀ ਵੈੱਬਸਾਈਟਾਂ 'ਤੇ ਭਰੋਸਾ ਕਰਨ ਦੀ ਸਲਾਹ ਦਿੱਤੀ ਏ।

------------------------------------------------------------

ਪੰਜਾਬ ਰਾਜ ਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਏ ਕਿ ਪੰਜਾਬ ਦੇ ਲੋਕ ਹੁਣ ਆਪਣੇ ਮਨੁੱਖੀ ਅਧਿਕਾਰਾਂ ਪ੍ਰਤੀ ਵਧੇਰੇ ਜਾਗਰੂਕ ਹੋ ਰਹੇ ਨੇ। ਮਨੁੱਖੀ ਅਧਿਕਾਰ ਸੁਰੱਖਿਆ ਭਲਾਈ ਸੁਸਾਇਟੀ ਵੱਲੋਂ ਸਰਕਾਰੀ ਬਿਕਰਮ ਕਾਲਜ ਪਟਿਆਲਾ ਵਿਖੇ ਮਨੁੱਖੀ ਅਧਿਕਾਰ

ਜਾਗਰੂਕਤਾ ਸੈਮੀਨਾਰ ਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਖੁੱਲ੍ਹੀ ਸੁਣਵਾਈ ਦੇ ਲਾਏ ਕੈਂਪ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਜਤਿੰਦਰ ਸਿੰਘ ਸ਼ੰਟੀ ਨੇ ਦੱਸਿਆ ਕਿ ਉਨ੍ਹਾਂ ਨੇ ਪਿਛਲੇ ਚਾਰ ਮਹੀਨਿਆਂ ਦੌਰਾਨ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦਾ ਦੌਰਾ ਕਰ ਕੇ ਸ਼ਿਕਾਇਤਾਂ ਦੀ ਕਿਸਮ ਬਾਰੇ ਪਤਾ ਲਾਇਆ ਏ ਅਤੇ ਹਰ ਜ਼ਿਲ੍ਹੇ ਵਿੱਚ ਮਨੁੱਖੀ ਅਧਿਕਾਰ ਕਮਿਸ਼ਨਰ ਦੇ ਕੋਰ ਗਰੁੱਪ ਕਾਇਮ ਕਰ ਦਿੱਤੇ ਨੇ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮਨੁੱਖੀ ਅਧਿਕਾਰ ਕਮਿਸ਼ਨ ਅਜਿਹੇ ਕੋਰ ਗਰੁੱਪ ਕਾਇਮ ਕਰਨ ਵਾਲਾ ਦੇਸ਼ ਦਾ ਪਹਿਲਾ ਕਮਿਸ਼ਨ ਬਣ ਗਿਆ ਏ। ਉਨ੍ਹਾਂ ਦੱਸਿਆ ਕਿ ਕਿ ਪਹਿਲਾਂ ਕਮਿਸ਼ਨ ਕੋਲ ਸਿਰਫ 30 ਤੋਂ 35 ਸ਼ਿਕਾਇਤਾਂ ਹੀ ਰੋਜ਼ਾਨਾ ਆ ਰਹੀਆਂ ਸਨ, ਪਰ ਜਦੋਂ ਦਾ ਕਮਿਸ਼ਨ ਨੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਾਟਸਐਪ ਨੰਬਰ 9855-4755-47 ਜਾਰੀ ਕੀਤਾ ਏ, ਉਦੋਂ ਤੋਂ ਹੁਣ ਉਨ੍ਹਾਂ ਕੋਲ 300 ਤੋਂ 400 ਸ਼ਿਕਾਇਤਾਂ ਰੋਜ਼ਾਨਾ ਆ ਰਹੀਆਂ ਨੇ। ਉਨ੍ਹਾਂ ਐਲਾਨ ਕੀਤਾ ਕਿ ਕਮਿਸ਼ਨ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਵੱਡੀ ਮੁਹਿੰਮ ਵਿੱਢੇਗਾ ਅਤੇ ਜਲਦੀ ਹੀ ਇੱਕ ਵਟਸਐਪ ਨੰਬਰ ਵੀ ਜਾਰੀ ਕੀਤਾ ਜਾਵੇਗਾ।

---

ਰੋਪੜ ਦੇ ਸੱਤ ਸਾਲ ਦੇ ਤੇਗਬੀਰ ਸਿੰਘ ਨੇ ਨੇਪਾਲ ਵਿਖੇ ਅੰਨਪੂਰਨਾ ਸਰਕਟ ਦੇ ਸਭ ਤੋਂ ਉੱਚੇ ਬਿੰਦੂ ਥਰੋਂਗਲਾ ਪਾਸ ਨੂੰ ਸਭ ਤੋਂ ਛੋਟੀ ਉਮਰ

ਵਿਚ ਪਾਰ ਕਰਕੇ ਵਿਸ਼ਵ ਰਿਕਾਰਡ ਬਣਾਇਆ ਏ । ਤੇਗਬੀਰ ਸਿੰਘ ਸੱਤ ਸਾਲ, 6 ਮਹੀਨੇ ਦੀ ਉਮਰ ਵਿੱਚ, ਨੇਪਾਲ ਵਿੱਚ ਅੰਨਪੂਰਨਾ ਸਰਕਟ ਨੂੰ ਪੂਰਾ ਕਰਨ ਵਾਲਾ ਹੁਣ ਤੱਕ ਦਾ ਸਭ ਤੋਂ ਛੋਟਾ ਵਿਅਕਤੀ ਬਣ ਗਿਆ। ਸਰਕਟ ਦੀ ਲੰਬਾਈ ਤਕਰੀਬਨ 235 ਕਿਲੋਮੀਟਰ ਦੇ ਨੇੜੇ ਏ ਅਤੇ ਇਸ ਤੇ ਸਥਿਤ ਥਰੋਂਗਲਾ ਪਾਸ 5416 ਮੀਟਰ ਦੀ ਉਚਾਈ ਤੇ ਏ । ਤੇਗਬੀਰ ਨੇ 11 ਅਪ੍ਰੈਲ ਨੂੰ ਸਰਕਟ ਵਾਕ ਸ਼ੁਰੂ ਕੀਤੀ ਅਤੇ 18 ਅਪ੍ਰੈਲ ਨੂੰ ਥੋਰੋਂਗ ਲਾ ਪਾਸ ਪੁੱਜ ਗਿਆ। ਸਰਕਟ ਪੂਰਾ ਕਰ ਕੇ ਉਹ 21 ਅਪ੍ਰੈਲ ਨੂੰ ਕਾਠਮੰਡੂ ਪਹੁੰਚੇਗਾ ।

-----------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਦੇ ਸੁਹਾਵਣੇ ਮੌਸਮ ਤੋਂ ਬਾਅਦ ਹੁਣ ਕੱਲ੍ਹ 21 ਤੋਂ 23 ਅਪ੍ਰੈਲ ਤੱਕ ਤਾਪਮਾਨ ਵਿਚ ਵਾਧਾ ਹੋ ਸਕਦਾ ਏ। ਭਾਰਤੀ ਮੌਸਮ ਵਿਭਾਗ ਦੇ ਚੰਡੀਗੜ੍ਹ ਯੂਨਿਟ ਨੇ ਨਾ ਸਿਰਫ਼ ਪੰਜਾਬ ਸਗੋਂ ਹਰਿਆਣਾ ਵਿੱਚ ਵੀ ਦੂਰ-ਦੁਰਾਡੇ ਥਾਵਾਂ 'ਤੇ ਵੀ ਤੇਜ਼ ਗਰਮੀ ਪੈਣ ਪੇਸ਼ੀਨਗੋਈ ਕੀਤੀ ਏ ਅਤੇ ਇਸ ਲਈ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ, ਪੰਜਾਬ ਵਿੱਚ ਕੱਲ੍ਹ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿਖੇ 41.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਅਤੇ ਅੱਜ ਘੱਟੋ-ਘੱਟ ਤਾਪਮਾਨ ਹੁਸ਼ਿਆਰਪੁਰ ਵਿਖੇ 16.4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ। ਸੂਬੇ ਵਿੱਚ ਆਉਣ ਵਾਲੇ 4-5 ਦਿਨਾਂ ਵਿੱਚ ਵੱਧ ਤੋਂ ਵੱਧ

ਤਾਪਮਾਨ ਵਿੱਚ 3 ਤੋਂ 5 ਡਿਗਰੀ ਸੈਲਸੀਅਸ ਤੱਕ ਹੌਲੀ-ਹੌਲੀ ਵਾਧਾ ਹੋਵੇਗਾ। ਹਾਲਾਂਕਿ, ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ, ਗੁਰਦਾਸਪੁਰ, ਫਿਰੋਜ਼ਪੁਰ, ਤਰਨਤਾਰਨ ਤੇ ਪਠਾਨਕੋਟ ਅਤੇ ਦੋਆਬਾ ਖੇਤਰ ਦੇ ਹੁਸ਼ਿਆਰਪੁਰ ਵਿੱਚ ਹੋਰ ਜ਼ਿਲ੍ਹਿਆਂ ਦੇ ਮੁਕਾਬਲੇ ਘੱਟ ਗਰਮੀ ਮਹਿਸੂਸ ਹੋ ਸਕਦੀ ਏ।